# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :24-03-2026**

ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਏ ਕਿ ਕੇਂਦਰ ਸਰਕਾਰ ਵੱਲੋਂ ਕੀਤੇ ਗਏ ਨਿਰੰਤਰ ਯਤਨਾਂ ਕਾਰਨ ਦੇਸ਼ ਵਿੱਚ ਕਿਸਾਨਾਂ ਦੀ ਆਮਦਨ ਵਿੱਚ ਕਾਫ਼ੀ ਵਾਧਾ ਹੋਇਆ ਏ। ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸਵਾਲਾਂ ਦੇ ਜਵਾਬ ਦਿੰਦਿਆਂ, ਸ੍ਰੀ ਚੌਹਾਨ ਨੇ ਕਿਹਾ ਕਿ, ਕਿਸਾਨਾਂ ਦੀ ਆਮਦਨ ਨਾ ਸਿਰਫ਼ ਦੁੱਗਣੀ ਹੋਈ ਏ, ਸਗੋਂ ਕਈ ਮਾਮਲਿਆਂ ਵਿੱਚ ਤਿੰਨ ਗੁਣਾ ਅਤੇ ਇੱਥੋਂ ਤੱਕ ਕਿ ਅੱਠ ਗੁਣਾ ਤੱਕ ਵਧੀ ਏ। ਉਨ੍ਹਾਂ ਕਿਹਾ ਕਿ, ਖੇਤੀਬਾੜੀ ਬਜਟ, ਜੋ ਕਿ ਸਿਰਫ 19 ਹਜ਼ਾਰ 306 ਕਰੋੜ ਰੁਪਏ ਸੀ, ਹੁਣ ਇੱਕ ਲੱਖ 30 ਹਜ਼ਾਰ ਕਰੋੜ ਰੁਪਏ ਤੋਂ ਵੱਧ ਹੋ ਗਿਆ ਏ। ਉਨ੍ਹਾਂ ਕਿਹਾ ਕਿ 2014 ਤੋਂ ਦੇਸ਼ ਵਿੱਚ ਅਨਾਜ ਉਤਪਾਦਨ ਵਿੱਚ 44 ਫੀਸਦੀ ਦਾ ਵਾਧਾ ਹੋਇਆ ਏ

byte

ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਤਹਿਤ, ਕਿਸਾਨਾਂ ਨੂੰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਪ੍ਰਤੀ ਸਾਲ ਛੇ ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਏ।

----------------------------------------------------------

ਸੁਪਰੀਮ ਕੋਰਟ ਨੇ ਕਿਹੈ ਕਿ ਸਿਰਫ਼ ਹਿੰਦੂ, ਸਿੱਖ ਜਾਂ ਬੁਧ ਧਰਮਾਂ ਨਾਲ ਸਬੰਧਤ ਵਿਅਕਤੀ ਹੀ ਪੱਟੀਦਰਜ ਜਾਤਿ ਦਾ ਦਰਜਾ ਪ੍ਰਾਪਤ ਕਰਨ ਦੇ ਯੋਗ ਨੇ. ਅਦਾਲਤ ਨੇ ਸਪੱਸ਼ਟ ਕੀਤਾ ਕਿ ਕਿਸੇ ਵੀ ਹੋਰ ਧਰਮ, ਜਿਵੇਂ ਕਿ ਈਸਾਈ ਧਰਮ ਵਿੱਚ ਧਰਮ ਪਰਿਵਰਤਨ ਕਰਨ ਨਾਲ ਪੱਟੀਦਰਜ ਜਾਤਿ ਦਾ ਦਰਜਾ ਤੁਰੰਤ ਅਤੇ ਪੂਰੀ ਤਰ੍ਹਾਂ ਖਤਮ ਹੋ ਜਾਂਦਾ ਏ। ਆਂਧਰਾ ਪ੍ਰਦੇਸ਼ ਹਾਈ ਕੋਰਟ ਦੇ ਇੱਕ ਆਦੇਸ਼ ਨੂੰ ਬਰਕਰਾਰ ਰੱਖਦੇ ਹੋਏ, ਸੁਪਰੀਮ ਕੋਰਟ ਨੇ ਫੈਸਲਾ ਸੁਣਾਇਆ ਏ ਕਿ ਇੱਕ ਵਾਰ ਜਦੋਂ ਕੋਈ ਵਿਅਕਤੀ ਈਸਾਈ ਧਰਮ ਅਪਣਾ ਲੈਂਦਾ ਏ ਅਤੇ ਸਰਗਰਮੀ ਨਾਲ ਉਸ ਧਰਮ ਦਾ ਦਾਅਵਾ ਕਰਦਾ ਏ ਤੇ ਉਸਨੂੰ ਮੰਨਦਾ ਏ, ਤਾਂ ਉਸਨੂੰ ਪੱਟੀਦਰਜ ਜਾਤਿ ਦਾ ਮੈਂਬਰ ਨਹੀਂ ਮੰਨਿਆ ਜਾ ਸਕਦਾ। ਜਸਟਿਸ ਪੀ.

ਕੇ. ਮਿਸ਼ਰਾ ਅਤੇ ਮਨਮੋਹਨ ਦੀ ਬੈਂਚ ਨੇ ਅੱਗੇ ਫੈਸਲਾ ਸੁਣਾਇਆ ਕਿ ਇੱਕ ਦਲਿਤ ਵਿਅਕਤੀ ਜੋ ਈਸਾਈ ਧਰਮ ਅਪਣਾਉਂਦਾ ਏ, ਉਹ ਪੱਟੀਦਰਜ ਜਾਤਾਂ ਅਤੇ ਪੱਟੀਦਰਜ ਕਬੀਲਿਆਂ ‘ਤੇ ਤਸ਼ੱਦਤ ਦੀ ਰੋਕਥਾਮ ਬਾਰੇ ਕਾਨੂੰਨ ਤਹਿਤ ਸੁਰੱਖਿਆ ਦਾ ਦਾਅਵਾ ਨਹੀਂ ਕਰ ਸਕਦਾ।

---------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੰਜਾਬ ਦੇ ਖੇਡਾਂ ਦੇ ਖੇਤਰ ਦੇ ਸੰਬੰਧ ‘ਚ ਅਹਿਮ ਐਲਾਨ ਕੀਤੇ ਨੇ . ਅੱਜ ਚੰਡੀਗੜ੍ਹ ‘ਚ ਇੱਕ ਪ੍ਰੈਸ ਕਾਨਫਰੰਸ ਦੌਰਾਨ ਓਹਨਾਂ ਜਾਣਕਾਰੀ ਦਿੱਤੀ ਕਿ ਪੰਜਾਬ ‘ਚ 2 ਵੱਡੇ ਖੇਡ ਮੁਕਾਬਲੇ ਹੋਣ ਜਾ ਰਹੇ ਨੇ . ਓਹਨਾਂ ਦੱਸਿਆ ਕਿ ਪੰਜਾਬ ਨੂੰ ਪਹਿਲੀ ਵਾਰ ASIAN CHAMPIONS TROPHY ਦੀ ਮੇਜ਼ਬਾਨੀ ਕਰਨ ਦਾ ਮੌਕਾ ਮਿਲਣ ਜਾ ਰਿਹਾ ਏ-

byte

ਪੰਜਾਬ ਦੇ ਖਿਡਾਰੀਆਂ ਬਾਰੇ ਐਲਾਨ ਕਰਦਿਆਂ ਓਹਨਾਂ ਦੱਸਿਆ ਕਿ ਸੂਬੇ ਦੀਆਂ ਸਰਕਾਰੀ ਨੌਕਰੀਆਂ ‘ਚ ਖੇਡਾਂ ਦਾ 3 ਫੀਸਦੀ ਰਾਖਵਾਂ ਕੋਟਾ

ਰਖਿਆ ਗਿਆ ਏ. ਓਹਨਾਂ ਭਾਰਤ ਦੀ ਔਰਤਾਂ ਦੀ ਕ੍ਰਿਕੇਟ ਟੀਮ ਦੇ ਕਪਤਾਨ ਹਰਮਨਪ੍ਰੀਤ ਕੋਰ ਤੇ ਖਿਡਾਰਨਾਂ ਹਰਲੀਨ ਦਿਓਲ ਅਤੇ ਅਮਨਜੋਤ ਕੋਰ ਨੂੰ ਵਿਸ਼ਵ ਕਪ ਜਿੱਤਣ ਲਈ ਡੇਢ – ਡੇਢ ਕਰੋੜ ਰੁਪਏ ਦੇਣ ਬਾਰੇ ਐਲਾਨ ਵੀ ਕੀਤਾ.

-----------------------------------------------------------

ਅੱਜ ਵਿਸ਼ਵ ਤਪਦਿਕ ਦਿਵਸ ਏ। ਇਹ ਦਿਨ ਹਰ ਸਾਲ 24 ਮਾਰਚ ਨੂੰ ਤਪਦਿਕ ਦੇ ਵਿਨਾਸ਼ਕਾਰੀ ਸਿਹਤ, ਸਮਾਜਿਕ ਅਤੇ ਆਰਥਿਕ ਨਤੀਜਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਵਿਸ਼ਵਵਿਆਪੀ ਮਹਾਂਮਾਰੀ ਨੂੰ ਖਤਮ ਕਰਨ ਲਈ ਯਤਨ ਤੇਜ਼ ਕਰਨ ਲਈ ਮਨਾਇਆ ਜਾਂਦਾ ਏ। ਤਪਦਿਕ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਤਪਦਿਕ ਇੱਕ ਮਹੱਤਵਪੂਰਨ ਜਨਤਕ ਸਿਹਤ ਚੁਣੌਤੀ ਬਣਿਆ ਹੋਇਆ ਏ, ਜੋ ਦੁਨੀਆ ਭਰ ਵਿੱਚ ਲੱਖਾਂ ਜਿੰਦਗੀਆਂ ਨੂੰ ਪ੍ਰਭਾਵਿਤ ਕਰਦਾ ਏ। ਰਾਸ਼ਟਰਪਤੀ ਮੁਰਮੂ ਨੇ ਇਹ ਵੀ ਕਿਹਾ ਕਿ ਤਪਦਿਕ ਮੁਕਤ ਭਾਰਤ ਅਭਿਆਨ ਨੇ ਸ਼ੁਰੂਆਤੀ ਤੌਰ ‘ਤੇ ਇਸ ਬਿਮਾਰੀ ਦਾ ਪਤਾ ਲਾਉਣ , ਮੁਫਤ ਇਲਾਜ ਯਕੀਨੀ ਬਣਾਉਣ,

ਪੋਸ਼ਣ ਸਹਾਇਤਾ ਨੂੰ ਮਜ਼ਬੂਤ ਕਰਨ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਬਿਹਤਰ ਬਣਾਉਣ ਵਿੱਚ ਇੱਕ ਸ਼ਾਨਦਾਰ ਪ੍ਰਗਤੀ ਕੀਤੀ ਏ। ਓਹਨਾਂ ਸਾਰੇ ਹਿੱਸੇਦਾਰਾਂ ਨੂੰ ਇੱਕ ਵਾਰ ਅਤੇ ਹਮੇਸ਼ਾ ਲਈ ਤਪਦਿਕ ਨੂੰ ਖਤਮ ਕਰਨ ਲਈ ਸਮੂਹਿਕ ਅਹਿਦ ਨਾਲ ਮਿਲ ਕੇ ਕੰਮ ਕਰਨ ਦੀ ਅਪੀਲ ਕੀਤੀ।

------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਪੰਜਾਬ ਸਰਕਾਰ ਜਲਦੀ ਹੀ ਨੰਗਲ, ਤਲਵਾੜਾ ਅਤੇ ਨਾਲ ਲਗਦੇ ਕਸਬਿਆਂ ਦੀ ਵਾਧੂ (ਸਰਪਲੱਸ) ਜ਼ਮੀਨ ਦੇ ਮਾਲਕੀ ਅਧਿਕਾਰ ਸਬੰਧਤ ਦੁਕਾਨਦਾਰਾਂ, ਵਸਨੀਕਾਂ ਅਤੇ ਹੋਰ ਕਾਬਜ਼ਕਾਰਾਂ ਨੂੰ ਦੇਵੇਗੀ। ਇਸ ਬਾਰੇ ਜਲ ਸਰੋਤ ਵਿਭਾਗ ਨੇ 800 ਏਕੜ ਤੋਂ ਵੱਧ ਅਜਿਹੀ ਜ਼ਮੀਨ ਸਬੰਧੀ ਬੀ.ਬੀ.ਐਮ.ਬੀ. ਨਾਲ ਬਾਕਾਇਦਾ ਰਾਬਤਾ ਸ਼ੁਰੂ ਵੀ ਕਰ ਦਿੱਤਾ ਏ।

------------------------------------------------

ਭਾਰਤ ਸਰਕਾਰ ਦੇ ਯੁਵਾ ਸੇਵਾਵਾਂ ਵਿਭਾਗ ਵੱਲੋਂ ਕੌਮੀ ਸੇਵਾ ਯੋਜਨਾ ਭਾਵ NSS ਦੇ ਭਵਿੱਖ ਚ ਹੋਰ ਸੁਧਾਰ ਅਤੇ ਯੋਜਨਾਵਾਂ ਲਈ ਅੱਜ ਦੋ ਰੋਜ਼ਾ ਸੂਬਾ ਪੱਧਰੀ ਕਨਵੈਨਸ਼ਨ ਮੁਹਾਲੀ ਚ ਚੰਡੀਗੜ੍ਹ ਯੂਨੀਵਰਸਿਟੀ ਵਿਖੇ ਕਰਵਾਈ ਜਾ ਰਹੀ ਏ, ਜਿਸ ਵਿੱਚ ਪੰਜਾਬ ਤੇ ਚੰਡੀਗੜ੍ਹ ਦੇ ਕੋਈ 34 ਵਿਦਿਅਕ ਅਦਾਰਿਆਂ ਦੇ 250 ਦੇ ਕਰੀਬ ਡੇਲੀਗੇਟ ਹਿੱਸਾ ਲੈਣ ਆ ਰਹੇ ਨੇ। ਜਿਨ੍ਹਾਂ ਚ ਰਾਜ NSS ਅਫ਼ਸਰ,ਪ੍ਰੋਗਰਾਮ ਕੋ ਆਰਡੀਨੇਟਰ ਤੇ ਵਲੰਟੀਅਰ ਵੀ ਸ਼ਾਮਲ ਹੋ ਰਹੇ ਨੇ। ਕਨਵੈਸ਼ਨ ਦੀ ਸ਼ੁਰੂਆਤ ਚੰਡੀਗੜ੍ਹ ਸਿੱਖਿਆ ਵਿਭਾਗ ਦੇ ਸਕੱਤਰ ਪ੍ਰੇਰਨਾ ਪੁਰੀ ਨੇ ਸ਼ਮਾ ਰੌਸ਼ਨ ਕਰਕੇ ਕੀਤੀ। ਇਸ ਮੌਕੇ ਚੰਡੀਗੜ੍ਹ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਵੀਰਾਜਾ ਐਨ.ਸੀਤਾਰਾਮ ਤੇ ਪੰਜਾਬ-ਚੰਡੀਗੜ੍ਹ ਯੂਵਾ ਵਿਭਾਗ ਦੇ ਅਧਿਕਾਰੀ, ਖੇਤਰੀ ਨਿਰਦੇਸ਼ਕ ਜੈ ਭਗਵਾਨ ਤੇ ਹੋਰ ਪਤਵੰਤੇ ਹਾਜ਼ਰ ਸਨ

---------------------------------------------------